# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 19-03-2025**

ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ ਅਤੇ ਬੁਚ ਵਿਲਮੋਰ ਅੱਜ ਤੜਕੇ ਸਪੇਸਐਕਸ ਕਰੂ ਡਰੈਗਨ ਪੁਲਾੜ ਵਾਹਨ ਰਾਹੀਂ ਧਰਤੀ 'ਤੇ ਸੁਰੱਖਿਅਤ ਵਾਪਸ ਆ ਗਏ ਨੇ । ਉਨ੍ਹਾਂ ਦੇ ਸਪੇਸ-ਐਕਸ ਕੈਪਸੂਲ ਨੇ ਪੈਰਾਸ਼ੂਟ ਰਾਹੀਂ ਮੈਕਸੀਕੋ ਦੀ ਖਾੜੀ ਉਡਾਣ ਭਰੀ ਸੀ । ***ਪੇਸ਼ ਏ ਇਕ ਰਿਪੋਰਟ...***

---

ਪੰਜਾਬ ਦੇ ਕਿਸਾਨਾਂ ਅਤੇ ਕੇਂਦਰ ਅਤੇ ਰਾਜ ਸਰਕਾਰ ਦੇ ਨੁਮਾਇੰਦਿਆਂ ਵਿਚਕਾਰ ਗੱਲਬਾਤ ਦਾ ਅਗਲਾ ਦੌਰ ਅੱਜ ਚੰਡੀਗੜ੍ਹ ਵਿਖੇ ਸ਼ੁਰੂ ਹੋ ਗਿਆ ਏ। ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ, ਵਣਜ ਮੰਤਰੀ ਪਿਊਸ਼ ਗੋਇਲ ਅਤੇ ਖਪਤਕਾਰ ਮਾਮਲਿਆਂ ਦੇ ਮੰਤਰੀ ਪ੍ਰਹਿਲਾਦ ਜੋਸ਼ੀ ਕੇਂਦਰ ਦੀ ਨੁਮਾਇੰਦਗੀ ਕਰ ਰਹੇ ਹਨ, ਜਦੋਂ ਕਿ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ

ਪੰਜਾਬ ਸਰਕਾਰ ਦੀ ਨੁਮਾਇੰਦਗੀ ਕਰ ਰਹੇ ਨੇ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵੀ ਮੀਟਿੰਗ ਦਾ ਹਿੱਸਾ ਨੇ। ਕਿਸਾਨਾਂ ਦੀ ਨੁਮਾਇੰਦਗੀ ਸੰਯੁਕਤ ਕਿਸਾਨ ਮੋਰਚਾ (ਗੈਰ ਸਿਆਸੀ) ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਅਤੇ ਕਿਸਾਨ ਮਜ਼ਦੂਰ ਮੋਰਚਾ ਦੇ ਮੁਖੀ ਸਰਵਣ ਸਿੰਘ ਪੰਧੇਰ ਵੱਲੋਂ ਕੀਤੀ ਜਾ ਰਹੀ ਏ। ਇਹ ਮੀਟਿੰਗ ਕੇਂਦਰ ਸਰਕਾਰ ਨੇ ਬੁਲਾਈ ਏ, ਇਸ ਤੋਂ ਪਹਿਲਾਂ ਅਜਿਹੀ ਮੀਟਿੰਗ ਫਰਵਰੀ ਮਹੀਨੇ ਵਿਚ ਵੀ ਹੋਈ ਸੀ।

--------------------------------------------------------------------------------

ਜਲੰਧਰ ਦੇ ਪਿੰਡ ਰਾਏਪੁਰ ਵਿਚ ਰਹਿਣ ਵਾਲੇ ਯੂ-ਟਿਊਬਰ ਰੋਜਰ ਸੰਧੂ ਦੇ ਘਰ ਤੇ ਗ੍ਰਨੇਡ ਸੁਟਣ ਦੇ ਮਾਮਲੇ ਵਿਚ ਪੰਜਾਬ ਪੁਲਿਸ ਨੇ ਕਾਰਵਾਈ ਕਰਦਿਆਂ ਹਾਰਦਿਕ ਕੰਬੋਜ ਨਾਂ ਦੇ ਵਿਅਕਤੀ ਨੂੰ ਹਰਿਆਣਾ ਤੋਂ ਗ੍ਰਿਫ਼ਤਾਰ ਕਰ ਕੇ ਜਲੰਧਰ ਲਿਆਂਦਾ। ਜਦੋਂ ਪੁਲਿਸ ਉਸ ਨੂੰ ਲੈ ਕੇ ਪਿੰਡ ਰਾਏਪੁਰ ਪਹੁੰਚੀ ਤਾਂ ਉਸ ਨੇ ਪੁਲਿਸ 'ਤੇ ਗੋਲੀ ਚਲਾ ਦਿੱਤੀ। ਪੁਲਿਸ ਵੱਲੋਂ ਕੀਤੀ ਜਵਾਬੀ ਗੋਲੀਬਾਰੀ ਵਿੱਚ ਦੋਸ਼ੀ ਜ਼ਖਮੀ ਹੋ ਗਿਆ। ਗੋਲੀ ਉਸ ਦੀ ਲੱਤ ਵਿੱਚ ਗੋਲੀ ਲੱਗੀ। ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਏ। ਇਸੇ ਮਾਮਲੇ ਵਿੱਚ, ਜਲੰਧਰ ਦਿਹਾਤੀ ਪੁਲਿਸ ਨੇ ਹਿਮਾਚਲ ਤੋਂ ਧੀਰਜ, ਪਾਂਡੇ, ਇੱਕ ਔਰਤ ਲਕਸ਼ਮੀ ਅਤੇ ਅੰਮ੍ਰਿਤਪ੍ਰੀਤ ਨਾਂ ਦੇ ਵਿਅਕਤੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਸੀ ਅਤੇ ਉਨ੍ਹਾਂ ਨੂੰ ਜਲੰਧਰ ਲਿਆ ਰਹੀ ਸੀ। ਬੀਤੀ

ਦੇਰ ਰਾਤ ਆਦਮਪੁਰ ਨੇੜੇ ਪੁਲਿਸ ਦੀ ਗੱਡੀ ਖਰਾਬ ਹੋ ਗਈ ਤੇ ਇਸ ਦੌਰਾਨ ਅੰਮ੍ਰਿਤਪ੍ਰੀਤ ਸਿੰਘ ਨੇ ਭੱਜਣ ਦੀ ਕੋਸ਼ਿਸ਼ ਕੀਤੀ। ਰਾਤ ਦਾ ਸਮਾਂ ਹੋਣ ਕਰਕੇ ਪੁਲਿਸ ਨੂੰ ਗੋਲੀ ਚਲਾਉਣੀ ਪਈ ਜੋ ਉਕਤ ਦੋਸ਼ੀ ਦੀ ਲੱਤ ਵਿੱਚ ਗੋਲੀ ਲੱਗੀ ਅਤੇ ਉਸ ਨੂੰ ਦੁਬਾਰਾ ਗ੍ਰਿਫਤਾਰ ਕਰ ਲਿਆ ਗਿਆ। ਜ਼ਖਮੀ ਅੰਮ੍ਰਿਤਪ੍ਰੀਤ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ, ਜਦੋਂਕਿ ਬਾਕੀ ਤਿੰਨ ਮੁਲਜ਼ਮਾਂ ਨੂੰ ਪੁਲਿਸ ਥਾਣੇ ਲਿਜਾਇਆ ਗਿਆ। ਮੌਕੇ 'ਤੇ ਮੌਜੂਦ ਜਲੰਧਰ ਦਿਹਾਤੀ ਦੇ ਐਸਐਸਪੀ ਗੁਰਮੀਤ ਸਿੰਘ ਨੇ ਦੱਸਿਆ BYTE--- ਐਸਐਸਪੀ ਨੇ ਦੱਸਿਆ ਕਿ ਅੰਮ੍ਰਿਤਪ੍ਰੀਤ ਸਿੰਘ ਨੇ ਵਾਰਦਾਤ ਕਰਨ ਤੋ ਪਹਿਲਾਂ ਰੋਜਰ ਸੰਧੂ ਦੇ ਘਰ ਦੀ ਰੇਕੀ ਵੀ ਕੀਤੀ ਸੀ।

-----------------------------------------------------------------------------------

ਪੰਜਾਬ ਸਰਕਾਰ ਜਲ ਸਰੋਤ ਵਿਭਾਗ ਵਿੱਚ ਕੁਸ਼ਲਤਾ ਵਧਾਉਣ ਅਤੇ ਕਾਰਜਾਂ ਨੂੰ ਸੁਚਾਰੂ ਬਣਾਉਣ ਲਈ ਮਹੱਤਵਪੂਰਨ ਕਦਮ ਚੁੱਕ ਰਹੀ ਏ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਯਤਨਾਂ ਦੇ ਨਤੀਜੇ ਵਜੋਂ ਲਾਈਨਿੰਗ ਸਬ-ਡਵੀਜ਼ਨ ਨੰ. 12, ਮਲੋਟ ਨੂੰ ਕਾਰਜਕਾਰੀ ਇੰਜੀਨੀਅਰ, ਅਬੋਹਰ ਨਾਲ ਅਟੈਚ ਕੀਤਾ ਗਿਆ ਏ। ਇਸ ਤੋਂ ਪਹਿਲਾਂ ਇਹ ਕਾਰਜਕਾਰੀ ਇੰਜੀਨੀਅਰ, ਦੇਵੀਗੜ੍ਹ ਅਧੀਨ ਸੀ, ਜੋ ਕਿ ਮਲੋਟ ਤੋਂ ਬਹੁਤ ਦੂਰ ਹੋਣ ਕਾਰਨ ਦਫ਼ਤਰੀ ਕੰਮ ਕਾਜ ਵਿਚ ਦੇਰੀ ਹੋਣ ਦੇ ਨਾਲ ਨਾਲ ਲੋਕਾਂ ਨੂੰ

ਮੁਸਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇਸ ਪੁਨਰਗਠਨ ਨਾਲ ਚੱਲ ਰਹੇ ਪ੍ਰੋਜੈਕਟਾਂ ਵਿੱਚ ਤੇਜ਼ੀ ਆਵੇਗੀ, ਵਿਭਾਗੀ ਕੁਸ਼ਲਤਾ ਵਿੱਚ ਵਾਧਾ ਹੋਵੇਗਾ ਅਤੇ ਮਲੋਟ ਦੇ ਵਸਨੀਕਾਂ ਲਈ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਨੂੰ ਯਕੀਨੀ ਬਣਾਇਆ ਜਾਵੇਗਾ । ਉਨ੍ਹਾਂ ਕਿਹਾ ਕਿ ਇਹ ਫੈਸਲਾ ਇੱਕ ਵਿਸਤ੍ਰਿਤ ਮੈਪਿੰਗ ਰਿਪੋਰਟ ’ਤੇ ਅਧਾਰਤ ਏ, ਜੋ ਕਿ ਪੰਜਾਬ ਦੇ ਨਹਿਰੀ ਡਵੀਜ਼ਨਾਂ ਅਤੇ ਪੰਜਾਬ ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਨਿਗਮ ਦੀ ਵਿਆਪਕ ਸਮੀਖਿਆ ਤੋਂ ਬਾਅਦ ਤਿਆਰ ਕੀਤੀ ਗਈ ਏ ।

---------------------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਕਪੂਰਥਲਾ ਜ਼ਿਲ੍ਹੇ ਦੇ ਪਿੰਡ ਝੱਲ ਬੀਂਬੜੀ ਦੇ ਪੰਚਾਇਤ ਸਕੱਤਰ ਪਰਮਜੀਤ ਸਿੰਘ ਨੂੰ 15 ਹਜ਼ਾਰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਏ । ਇਸ ਕੇਸ ਦਾ ਸਹਿ-ਦੋਸ਼ੀ, ਕਪੂਰਥਲਾ ਦਾ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀ (ਬੀ.ਡੀ.ਪੀ.ਓ.) ਹਰਦਿਆਲ ਸਿੰਘ ਗ੍ਰਿਫ਼ਤਾਰੀ ਤੋਂ ਬਚਣ ਲਈ ਮੌਕੇ ਤੋਂ ਫਰਾਰ ਹੋਣ ਵਿੱਚ ਕਾਮਯਾਬ ਹੋ ਗਿਆ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਪਿੰਡ ਝੱਲ ਬੀਂਬੜੀ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਉਪਰੰਤ ਕੀਤੀ ਗਈ ਏ । ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਏ ਕਿ ਬੀ.ਡੀ.ਪੀ.ਓ. ਅਤੇ

ਪੰਚਾਇਤ ਸਕੱਤਰ ਦੋਵਾਂ ਨੇ ਪਿੰਡ ਦੀ ਇੱਕ ਗਲੀ ਦੀ ਉਸਾਰੀ ਸਬੰਧੀ ਲਾਗਤ ਦਾ ਭੁਗਤਾਨ ਕਰਨ ਲਈ ਚੈੱਕ ਜਾਰੀ ਕਰਨ ਬਦਲੇ 20 ਹਜ਼ਾਰ ਰਿਸ਼ਵਤ ਮੰਗੀ ਏ । ਦੋਵਾਂ ਮੁਲਜਮਾਂ ਵਿਰੁੱਧ ਵਿਜੀਲੈਂਸ ਬਿਊਰੋ ਪੁਲਿਸ ਥਾਣਾ ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਏ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ ।